# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :08-06-2026**

ਪੰਜਾਬ ਭਰ 'ਚ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (ਐਸ.ਆਈ.ਆਰ.) ਦੇ ਮੱਦੇਨਜ਼ਰ ਰਾਜ ਦੇ 117 ਵਿਧਾਨ ਸਭਾ ਹਲਕਿਆਂ ਦੇ ਸਾਰੇ 24 ਹਜ਼ਾਰ 453 ਵੋਟ ਕੇਂਦਰਾਂ 'ਤੇ ਕਲ੍ਹ ਵਿਸ਼ੇਸ਼ ਕੈਂਪ ਲਾਏ ਗਏ। ਇਨ੍ਹਾਂ ਕੈਂਪਾਂ ਨੂੰ ਲੋਕਾਂ ਵੱਲੋਂ ਮਿਲੇ ਭਰਵੇਂ ਹੁੰਗਾਰੇ ਦੇ ਚਲਦਿਆਂ ਇੱਕ ਲੱਖ 10 ਹਜਾਰ 193 ਵੋਟਰਾਂ ਵੋਟਰਾਂ ਦੀ ਮੈਪਿੰਗ ਕੀਤੀ ਗਈ । ਇਹ ਜਾਣਕਾਰੀ ਦਿੰਦਿਆ ਮੁੱਖ ਚੋਣ ਅਫ਼ਸਰ, ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਕਿਹਾ ਕਿ ਇਸ ਕਾਰਵਾਈ ਦੇ ਨਾਲ ਪੰਜਾਬ ਭਰ ਵਿੱਚ ਵੋਟਰਾਂ ਦੀ ਮੈਪਿੰਗ ਦਾ ਅੰਕੜਾ 85 ਫੀਸਦ ਨੂੰ ਪਾਰ ਕਰ ਗਿਆ ਏ । ਪੰਜਾਬ ਵਿੱਚ SIR ਅਧੀਨ ਗਣਨਾ ਦਾ ਅਮਲ 25 ਜੂਨ ਤੋਂ ਸ਼ੁਰੂ ਹੋਣ ਜਾ ਰਿਹਾ ਏ.

---

ਹਰਿਆਣਾ ਵਿਧਾਨ ਸਭਾ ਵੱਲੋਂ ਕਰਾਏ ਜਾ ਰਹੀ, ਭਾਰਤੀ ਖੇਤਰ ਦੇ ਉੱਤਰੀ ਜ਼ੋਨ-2 ਲਈ ਰਾਸ਼ਟਰਮੰਡਲ ਸੰਸਦੀ ਸੰਘ (ਸੀਪੀਏ)

ਕਾਨਫਰੰਸ ਦੀ ਅੱਜ ਚੰਡੀਗੜ੍ਹ ਵਿੱਚ ਸ਼ੁਰੂਆਤ ਕੀਤੀ ਜਾਏਗੀ. ਇਹ ਕਾਨਫਰੰਸ ਬੁੱਧਵਾਰ ਤੱਕ ਜਾਰੀ ਰਹੇਗੀ। ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਵਿੰਦਰ ਕਲਿਆਣ ਨੇ ਕਿਹਾ ਕਿ ਲੋਕ ਸਭਾ ਸਪੀਕਰ ਓਮ ਬਿਰਲਾ ਕਾਨਫਰੰਸ ਦਾ ਉਦਘਾਟਨ ਕਰਨਗੇ। ਰਾਜ ਸਭਾ ਦੇ ਉਪ – ਸਭਾਪਤੀ ਹਰਿਵੰਸ਼, ਰਾਜ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਅਤੇ 15 ਰਾਜ ਵਿਧਾਨ ਸਭਾਵਾਂ ਦੇ ਪ੍ਰੀਜ਼ਾਈਡਿੰਗ ਅਫਸਰ ਅਤੇ ਵਿਧਾਇਕ ਇਸ ਸਮਾਗਮ ਵਿੱਚ ਸ਼ਾਮਲ ਹੋਣਗੇ। ਤਿੰਨ ਦਿਨਾਂ ਕਾਨਫਰੰਸ ਦੌਰਾਨ, ਰਾਸ਼ਟਰ ਨਿਰਮਾਣ ਵਿੱਚ ਵਿਧਾਨ ਸਭਾਵਾਂ ਦੀ ਭੂਮਿਕਾ, ਵਿਕਸਿਤ ਭਾਰਤ 2047, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਲੋਕਰਾਜੀ ਸੰਸਥਾਵਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਵਰਗੇ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

------------------------------------------------------------------------

ਦੇਸ਼ ਦਾ ਭਰੋਸੇਮੰਦ ਲੋਕ ਪ੍ਰਸਾਰਕ, ਆਕਾਸ਼ਵਾਣੀ, ਅੱਜ ਆਪਣੇ 90 ਸਾਲ ਪੂਰੇ ਹੋਣ ਦਾ ਜਸ਼ਨ ਮਨ ਰਿਹਾ ਏ। ਇਸ ਦਿਨ, 8 ਜੂਨ 1936 ਨੂੰ, Indian State Broadcasting Service ਦਾ ਨਾਂ ਬਦਲ ਕੇ ਆਲ ਇੰਡੀਆ ਰੇਡੀਓ (ਏ ਆਈ ਆਰ) ਰੱਖਿਆ ਗਿਆ ਸੀ। ਸਾਲ 1956 ਵਿੱਚ, ਆਲ ਇੰਡੀਆ ਰੇਡੀਓ ਦਾ ਨਾਂ ਬਦਲ ਕੇ ਆਕਾਸ਼ਵਾਣੀ ਕਰ ਦਿੱਤਾ ਗਿਆ। ਅੱਜ, ਆਕਾਸ਼ਵਾਣੀ ਵਲੋਂ 591

ਸਟੇਸ਼ਨ ਚਲਾਏ ਜਾਂਦੇ ਨੇ, ਜੋ ਭਾਰਤ ਦੀ 98 ਫੀਸਦੀ ਆਬਾਦੀ ਤੱਕ ਪਹੁੰਚੇ ਦੇ,ਤੇ 23 ਭਾਸ਼ਾਵਾਂ ਅਤੇ 146 ਉਪਭਾਸ਼ਾਵਾਂ ਵਿੱਚ ਪ੍ਰਸਾਰਣ ਕਰਦੇ ਨੇ. ਆਕਾਸ਼ਵਾਣੀ ਦਾ ਆਦਰਸ਼ ਵਾਕ ਏ - ਬਹੁਜਨ ਹਿਤਾਏ, ਬਹੁਜਨ ਸੁਖਾਏ। ਇਸ ਦੌਰਾਨ ਆਕਾਸ਼ਵਾਣੀ ਜਲੰਧਰ ਵੱਲੋਂ ਅੱਜ ਕੇ.ਐਲ. ਸਹਿਗਲ ਆਡੀਟੋਰੀਅਮ ਵਿਖੇ, ਇੱਕ ਸ਼ਾਸਤਰੀ ਸੰਗੀਤ ਸਮਾਰੋਹ - 'ਇੱਕ ਸ਼ਾਮ - ਸ਼ਾਸਤਰੀ ਸੰਗੀਤ ਦੇ ਨਾਮ' ਕਰਾਇਆ ਜਾ ਰਿਹਾ ਏ। ਭਾਰਤ ਵਿੱਚ ਆਕਾਸ਼ਵਾਣੀ ਦੇ ਪ੍ਰਸਾਰਣ ਦੇ 90 ਸਾਲ ਪੂਰੇ ਹੋਣ ਨੂੰ ਸਮਰਪਿਤ ਇਹ ਸੰਗੀਤ ਸਮਾਰੋਹ ਸ਼ਾਮ 6.30 ਵਜੇ ਸ਼ੁਰੂ ਹੋਵੇਗਾ। ਆਕਾਸ਼ਵਾਣੀ ਦੇ ਪ੍ਰੋਗਰਾਮ ਮੁਖੀ, ਪਰਮਜੀਤ ਸਿੰਘ ਨੇ ਦੱਸਿਆ ਕਿ ਸ਼ਾਸਤਰੀ ਸੰਗੀਤ ਦੇ ਵੱਖ-ਵੱਖ ਰੂਪਾਂ ਵਿੱਚ ਗਾਇਨ ਦੇ ਨਾਲ-ਨਾਲ ਸਾਜ਼ਾਂ ਦੀ ਜੁਗਲਬੰਦੀ ਵੀ ਪੇਸ਼ ਕੀਤੀ ਜਾਵੇਗੀ। ਪਿਉ-ਧੀ ਦੀ ਜੋੜੀ, ਪੰਡਿਤ ਮਨੂੰ ਕੁਮਾਰ ਸੀਨ ਅਤੇ ਸੁਰਪ੍ਰਿਆ ਸੀਨ ਸ਼ਾਸਤਰੀ ਸਿਤਾਰ-ਸੰਤੂਰ ਜੁਗਲਬੰਦੀ ਪੇਸ਼ ਕਰਨਗੇ। ਪੰਡਿਤ ਸੀਨ ਆਕਾਸ਼ਵਾਣੀ ਦੇ ਜਾਣੇ-ਪਛਾਣੇ ਕਲਾਕਾਰ ਹਨ। ਤਬਲੇ 'ਤੇ ਮਧੁਰੇਸ਼ ਭੱਟ ਅਤੇ ਸਿਧਾਰਥ ਚੈਟਰਜੀ ਉਨ੍ਹਾਂ ਦਾ ਸਾਥ ਦੇਣਗੇ। ਦਿਪਿਨ ਕੁਮਾਰ ਅਤੇ ਸਤਨਿੰਦਰ ਸਿੰਘ ਵੱਲੋਂ ਖਿਆਲ ਜੁਗਲਬੰਦੀ ਪੇਸ਼ ਕੀਤੀ ਜਾਵੇਗੀ। ਤਬਲੇ 'ਤੇ ਪੰਡਿਤ ਕਾਲੇ ਰਾਮ ਅਤੇ ਪੰਡਿਤ ਜੈ ਦੇਵ ਉਨ੍ਹਾਂ ਦਾ ਸਾਥ ਦੇਣਗੇ।

-----------------------------------------------------------------------

ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਕੀਰਤਨ ਸਮਾਗਮ ਕਲ ਕਪੂਰਥਲਾ ਦੇ ਗੁਰੂ ਨਾਨਕ ਸਟੇਡੀਅਮ ਵਿੱਚ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਹ ਸੰਤਾਂ-ਮਹਾਂਪੁਰਖਾਂ ਦੀ ਸਰਪ੍ਰਸਤੀ ਹੇਠ ਕਰਵਾਏ ਜਾ ਰਹੇ ਸਾਲਾਨਾ ਸਮਾਗਮਾਂ ਦੀ ਲੜੀ ਵਿੱਚ ਤੀਸਰਾ ਵੱਡਾ ਕੀਰਤਨ ਦਰਬਾਰ ਸੀ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ ਸਰਵਣ ਕੀਤਾ। ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ, ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਅਨਮੋਲ ਸਿੱਖਿਆਵਾਂ ਅਤੇ ਪਵਿੱਤਰ ਬਾਣੀ ਨੂੰ ਘਰ-ਘਰ ਤੱਕ ਪਹੁੰਚਾਉਣਾ ਬਹੁਤ ਹੀ ਸ਼ਲਾਘਾਯੋਗ ਕਦਮ ਏ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਪੰਜਾਬ ਦੇ ਕੈਬਿਨੇਟ ਮੰਤਰੀ ਸ਼੍ਰੀ ਮਹਿੰਦਰ ਭਗਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਸਾਰੇ ਬਹੁਤ ਭਾਗਾਂ ਵਾਲੇ ਹਾਂ, ਜਿਨ੍ਹਾਂ ਨੂੰ ਇਤਿਹਾਸ ਦੇ ਇਸ ਮਹਾਨ ਪੜਾਅ ਦਾ ਹਿੱਸਾ ਬਣਨ ਦਾ ਮੌਕਾ ਮਿਲਿਆ ਏ। ਸੈਰ ਸਪਾਟਾ ਵਿਭਾਗ ਦੇ ਅਡਵਾਈਜ਼ਰ ਦੀਪਕ ਬਾਲੀ ਨੇ ਐਲਾਨ ਕੀਤਾ ਕਿ ਜਲਦ ਹੀ ਚਾਰ ਵਿਸ਼ੇਸ਼ ਸ਼ੋਭਾ ਯਾਤਰਾਵਾਂ ਕੱਢੀਆਂ

ਜਾਣਗੀਆਂ, ਜੋ  ਕਾਸ਼ੀ, ਬਠਿੰਡਾ, ਫਰੀਦਕੋਟ ਅਤੇ ਜੰਮੂ ਤੋਂ ਸ਼ੁਰੂ ਹੋ ਕੇ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੰਪੰਨ ਹੋਣਗੀਆਂ।

-----------------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਗੁਰਾਇਆ ਅਤੇ ਫਿਲੌਰ ਬਲਾਕਾਂ ਦੇ ਪਿੰਡਾਂ ਦੇ ਦੌਰੇ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਦੀ ਸ਼ੁਰੂ ਕੀਤੀ ਲੜੀ ਤਹਿਤ ਪਿੰਡ ਰੁੜਕਾ  ਕਲਾਂ, ਰੁੜਕੀ, ਅਕਲਪੁਰ, ਪਿੰਡ  ਗੰਨਾ  ਅਤੇ  ਗੁਰਾਇਆ  ਦੇ ਮੁਹੱਲਾ ਲਾਂਗੜੀਆਂ ਦਾ ਦੌਰਾ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆ ਗਈਆਂ ।  ਉਹਨਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ, ਉਨ੍ਹਾਂ ਦੇ ਮਸਲਿਆਂ ਦਾ ਢੁੱਕਵਾਂ ਹੱਲ ਯਕੀਨੀ ਬਣਾਇਆ ਜਾਵੇਗਾ। ਇਸ ਦੌਰਾਨ ਚੇਅਰਮੈਨ ਨੇ ਯੂਥ ਫੁੱਟਬਾਲ ਕਲੱਬ, ਰੁੜਕਾ ਕਲਾਂ ਪਹੁੰਚ ਕੇ ਮੈਕਸੀਕੋ ’ਚ ਹੋਏ ਸਟ੍ਰੀਟ ਚਾਈਲਡ ਵਰਲਡ ਕੱਪ  ਵਿੱਚ ਸ਼ਾਨਦਾਰ ਪ੍ਰਦਰਸ਼ਨ ਸਦਕਾ ਰਨਰਅਪ ਦਾ ਮਾਣ ਹਾਸਲ ਕਰਕੇ ਪਰਤੀ ਟੀਮ ਦੀ ਹੌਸਲਾ ਅਫਜ਼ਾਈ ਵੀ ਕੀਤੀ। ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕਦਾ ਏ